ਨੰ: 11/62/2005-2ਸਿੱ.3/16812

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ
ਸੱਤਪਾਲ ਮਿੱਤਲ ਸਕੂਲ, ਦੁੱਗਰੀ,
ਜ਼ਿਲ੍ਹਾ ਲੁਧਿਆਣਾ

ਮਿਤੀ,ਚੰਡੀਗੜ੍ਹ: 1-8-05

ਵਿਸ਼ਾ:- ਆਈ.ਸੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਲੁਧਿਆਣਾ ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਹਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਆਈ.ਸੀ.ਐਸ.ਈ. ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉੱਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੇਨਾ/2

3. [redacted]

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ,ਸਕੂਲ ਸਿੱਖਿਆ

ਪਿੱਠ ਅੰਕਣ ਨੰ:11/62/2005-2ਸਿ.3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ:15/51-05-ਗ੍ਰਾਂਟ-1 (3) ਮਿਤੀ 30-6-2005 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲੱਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ,ਸਕੂਲ ਸਿੱਖਿਆ